# ਦੋ ਗੱਡੀਆਂ ਦੀ ਟੱਕਰ ਵਿੱਚ ਚਾਰ ਜ਼ਖ਼ਮੀ




ਟੋਰਾਂਟੋ, 14 ਸਤੰਬਰ (ਪੋਸਟ ਬਿਊਰੋ) : ਵੀਰਵਾਰ ਨੂੰ ਸਕਾਰਬਰੋ ਵਿੱਚ ਵਾਪਰੇ ਹਾਦਸੇ ਤੋਂ ਬਾਅਦ ਚਾਰ ਵਿਅਕਤੀ ਜ਼ਖ਼ਮੀ ਹੋ ਗਏ। ਇਨ੍ਹਾਂ ਵਿੱਚ ਦੋ ਰਾਹਗੀਰ ਵੀ ਸ਼ਾਮਲ ਸਨ। ਇਸ ਦੀ ਪੁਸ਼ਟੀ ਟੋਰਾਂਟੋ ਪੁਲਿਸ ਵੱਲੋਂ ਕੀਤੀ ਗਈ।

ਤਿੰਨ ਬਾਲਗਾਂ ਤੇ ਇੱਕ ਬੱਚੇ ਨੂੰ ਜ਼ਖ਼ਮੀ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਹਾਦਸਾ ਹੰਟਿੰਗਵੁੱਡ ਡਰਾਈਵ ਤੇ ਵਿਕਟੋਰੀਆ ਪਾਰਕ ਐਵਨਿਊ ਉੱਤੇ ਦੁਪਹਿਰੇ 4:12 ਉੱਤੇ ਵਾਪਰਿਆ। ਕਾਲੇ ਰੰਗ ਦੀ ਸੇਡਾਨ ਤੇ ਚਿੱਟੇ ਰੰਗ ਦੀ ਐਸਯੂਵੀ ਇਸ ਹਾਦਸੇ ਵਿੱਚ ਸ਼ਾਮਲ ਸਨ। ਜਾਂਚ ਲਈ ਪਹਿਲਾਂ ਸੜਕਾਂ ਬੰਦ ਕਰ ਦਿੱਤੀਆਂ ਗਈਆਂ ਸਨ ਪਰ ਬਾਅਦ ਵਿੱਚ ਉਨ੍ਹਾਂ ਨੂੰ ਖੋਲ੍ਹ ਦਿੱਤਾ ਗਿਆ।

# ਸ਼ੂਟਿੰਗ ਵਿੱਚ ਇੱਕ ਜ਼ਖ਼ਮੀ




ਓਨਟਾਰੀਓ, 14 ਸਤੰਬਰ (ਪੋਸਟ ਬਿਊਰੋ) : ਵੀਰਵਾਰ ਸ਼ਾਮ ਨੂੰ ਜੇਨ ਸਟਰੀਟ ਤੇ ਵਿਲਸਨ ਐਵਨਿਊ ਵਿੱਚ ਵਾਪਰੀ ਸ਼ੂਟਿੰਗ ਦੀ ਘਟਨਾ ਵਿੱਚ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ।

ਪੁਲਿਸ ਨੂੰ ਸ਼ਾਮੀਂ 7:22 ਵਜੇ ਦੇ ਨੇੜੇ ਤੇੜੇ ਸ਼ੂਟਿੰਗ ਦੀ ਰਿਪੋਰਟ ਮਿਲੀ। ਇਸ ਤੋਂ ਬਾਅਦ ਮੌਕੇ ਉੱਤੇ ਪਹੁੰਚੀ ਪੁਲਿਸ ਵੱਲੋਂ ਸ਼ੂਟਿੰਗ ਦੀ ਪੁਸ਼ਟੀ ਕੀਤੀ ਗਈ ਤੇ ਉਨ੍ਹਾਂ ਨੂੰ ਮੌਕੇ ਉੱਤੇ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿ-ਲਿਆ। ਪਰ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਗਈ। ਮਸ਼ਕੂਕ ਪੈਦਲ ਹੀ ਫਰਾਰ ਹੋ ਗਏ ਤੇ ਇਲਾਕੇ ਵਿੱਚ ਵੱਡੀ ਗਿਣਤੀ ਵਿੱਚ ਪੁਲਿਸ ਪਾਈ ਜਾ ਰਹੀ ਹੈ। ਨੇੜਲੇ ਇਲਾਕੇ ਵਿੱਚ ਰਹਿਣ ਵਾਲਿਆਂ ਨੂੰ ਪੁਲਿਸ ਵੱਲੋਂ ਇਸ ਰਾਹ ਉੱਤੇ ਨਾ ਆਉਣ ਲਈ ਆਖਿਆ ਜਾ ਰਿਹਾ ਹੈ।

# ਭਾਰਤੀ ਵਿਦਿਆਰਥਣ ਦੀ ਮੌਤ ’ਤੇ ਅਮਰੀਕੀ ਪੁਲਿਸ ਅਧਿਕਾਰੀ ਹੱਸਿਆ, ਭਾਰਤ ਨੇ ਕਾਰਵਾਈ ਦੀ ਕੀਤੀ ਮੰਗ




ਵਾਸ਼ਿੰਗਟਨ, 14 ਸਤੰਬਰ (ਪੋਸਟ ਬਿਊਰੋ): ਅਮਰੀਕਾ ਦੇ ਸਿਆਟਲ ਵਿੱਚ ਇੱਕ ਭਾਰਤੀ ਵਿਦਿਆਰਥਣ ਜਾਹਨਵੀ ਕਮਦੁਲਾ ਦੀ ਪੁਲਿਸ ਦੀ ਪੈਟਰੋਲ ਕਾਰ ਦੀ ਟੱਕਰ ਨਾਲ ਮੌਤ ਹੋ ਗਈ। ਇਸ ਤੋਂ ਬਾਅਦ ਹਾਦਸੇ ਦੀ ਜਾਂਚ ਕਰਨ ਪਹੁੰਚੇ ਪੁਲਿਸ ਅਧਿਕਾਰੀ ਨੇ ਉਸਦੀ ਮੌਤ ਦਾ ਮਜ਼ਾਕ ਉਡਾਇਆ। ਇਸ ਮਾਮਲੇ ਦੀ ਹਾਲੇ ਜਾਂਚ ਕੀਤੀ ਜਾ ਰਹੀ ਹੈ।

ਜਾਣਕਾਰੀ ਮੁਤਾਬਕ ਘਟਨਾ ਦੀ ਜਾਂਚ ਕਰਨ ਆਏ ਪੁਲਿਸ ਅਧਿਕਾਰੀ ਦੀ ਕਾਰ ਦਾ ਵੀਡੀਓ ਅਤੇ ਆਡੀਓ ਵਾਇਰਲ ਹੋ ਰਿਹਾ ਹੈ। ਇਸ ਵਿੱਚ ਉਹ ਕਹਿ ਰਿਹਾ ਹੈ ਕਿ ਇੱਕ ਭਾਰਤੀ ਵਿਦਿਆਰਥਣ ਦੀ ਜ਼ਿੰਦਗੀ ਦੀ ਲਿਮਿਟਡ ਵੈਲਯੂ ਸੀ। ਇੱਕ ਚੈੱਕ ਲਿਖਣ ਨਾਲ ਕੰਮ ਪੂਰਾ ਹੋ ਜਾਵੇਗਾ। ਸੈਨ ਫਰਾਂਸਿਸਕੋ ਸਥਿਤ ਭਾਰਤੀ ਦੂਤਾਵਾਸ ਨੇ ਇਸ ਘਟਨਾ ਦੀ ਨਿੰਦਾ ਕੀਤੀ ਹੈ ਅਤੇ ਤੁਰੰਤ ਜਾਂਚ ਅਤੇ ਕਾਰਵਾਈ ਦੀ ਮੰਗ ਕੀਤੀ ਹੈ।

ਜਦੋਂ ਪੁਲਸ ਅਧਿਕਾਰੀ ਵਿਦਿਆਰਥਣ ਦੀ ਮੌਤ ਦਾ ਮਜ਼ਾਕ ਉਡਾ ਰਿਹਾ ਸੀ ਤਾਂ ਉਸ ਦਾ ਬਾਡੀਕੈਮ ਮਤਲਬ ਉਸ ਦੇ ਸਰੀਰ 'ਤੇ ਲੱਗਾ ਕੈਮਰਾ ਚਾਲੂ ਸੀ। ਇਸ ਕਾਰਨ ਸਾਰੀਆਂ ਗੱਲਾਂ ਰਿਕਾਰਡ ਹੋ ਗਈਆਂ। ਆਪਣੀ ਕਾਰ ਵਿਚ ਬੈਠ ਕੇ ਉਸ ਨੂੰ ਇਹ ਕਹਿੰਦੇ ਸੁਣਿਆ ਜਾਂਦਾ ਹੈ ਕਿ ਲੜਕੀ ਹਾਦਸੇ ਤੋਂ ਬਾਅਦ 40 ਫੁੱਟ ਤੱਕ ਨਹੀਂ ਉਛਲੀ। ਪਰ ਉਹ ਮਰ ਚੁੱਕੀ ਹੈ।

ਇਸ ਤੋਂ ਬਾਅਦ ਪੁਲਿਸ ਮੁਲਾਜ਼ਮ ਉੱਚੀ-ਉੱਚੀ ਹੱਸ ਪਿਆ। ਫਿਰ ਉਹ ਕਹਿੰਦਾ ਹੈ ਕਿ ਉਹ ਇੱਕ ਰੈਗੂਲਰ ਇਨਸਾਨ ਸੀ। 11,000 ਡਾਲਰ ਦਾ ਚੈੱਕ ਲਿਖਣ ਨਾਲ ਕੰਮ ਪੂਰਾ ਹੋ ਜਾਵੇਗਾ। ਪੁਲਿਸ ਅਫਸਰ ਫਿਰ ਹੱਸਦਾ ਹੈ ਅਤੇ ਕਹਿੰਦਾ ਹੈ ਕਿ ਉਹ ਸਿਰਫ 26 ਸਾਲ ਦੀ ਸੀ। ਉਸਦੀ ਲਿਮਿਟਡ ਵੈਲਯੂ ਸੀ।

ਜਨਵਰੀ ਮਹੀਨੇ ਵਿਚ ਜਾਹਨਵੀ ਦੀ ਮੌਤ ਹੋਈ ਸੀ। ਸਿਆਟਲ ਪੁਲਿਸ ਨੇ ਕਿਹਾ ਕਿ ਉਸ ਦੀ ਮੌਤ ਦਾ ਮਜ਼ਾਕ ਇਸੇ ਮਹੀਨੇ ਸਾਹਮਣੇ ਆਇਆ ਸੀ। ਜਦੋਂ ਉਸ ਦੇ ਇੱਕ ਕਰਮਚਾਰੀ ਨੇ ਨਿਯਮਤ ਜਾਂਚ ਲਈ ਬਾਡੀਕੈਮ ਤੋਂ ਰਿਕਾਰਡ ਕੀਤੀ ਆਡੀਓ ਸੁਣੀ। ਕਰਮਚਾਰੀ ਨੂੰ ਜਾਹਨਵੀ 'ਤੇ ਕੀਤੀਆਂ ਟਿੱਪਣੀਆਂ ਇਤਰਾਜ਼ਯੋਗ ਲੱਗੀਆਂ ਅਤੇ ਉਸਨੇ ਇਸ ਦੀ ਸ਼ਿਕਾਇਤ ਆਪਣੇ ਸੀਨੀਅਰਾਂ ਨੂੰ ਕੀਤੀ।

## ਅੱਜ ਨਾਮਾ >>

ਸਨਾਤਨ ਧਰਮ ਦਾ ਉੱਠਿਆ ਨਵਾਂ ਮੁੱਦਾ,
ਲੱਗਾ ਚੋਣ ਲਈ ਚੱਕਰ ਹੈ ਗਿੜਨ ਬੇਲੀ।
ਸਿਆਸਤ ਹੋਈ ਸਰਗਰਮ ਹੈ ਦੋਂਹ ਪਾਸੇ,
ਆਗੂ ਲੱਗੇ ਬਿਆਨਾਂ ਵਿੱਚ ਭਿੜਨ ਬੇਲੀ।
ਮੁੱਦਾ ਲੱਭ ਗਿਆ ਨਵਾਂ ਕੁਝ ਮੀਡੀਏ ਨੂੰ,
ਲੱਗੀ ਬਹਿਸ ਦੀ ਗੱਡੀ ਵੀ ਰਿੜ੍ਹਨ ਬੇਲੀ।
ਵੋਟਾਂ ਵਧਣ ਦੀ ਜਿੱਥੇ ਵੀ ਝਾਕ ਜਿਸ ਨੂੰ,
ਚਿਹਰਾ ਲੱਗਿਆ ਉਨ੍ਹਾਂ ਦਾ ਖਿੜਨ ਬੇਲੀ।
ਚਿੜੀਆਂ ਮੌਤ, ਗੰਵਾਰਾਂ ਨੂੰ ਸ਼ੁਗਲ ਹੁੰਦਾ,
ਰਾਜਨੀਤੀ ਵਿੱਚ ਉਹੋ ਜਿਹਾ ਹਾਲ ਬੇਲੀ।
ਟਿਕੀ ਜਦ ਅੱਖ ਹਕੂਮਤੀ ਕੁਰਸੀਆਂ’ਤੇ,
ਵਿਗੜਦੇ ਹਾਲ ਦਾ ਨਹੀਂ ਖਿਆਲ ਬੇਲੀ।

ਤੀਸ ਮਾਰ ਖਾਂ

# ਅਮਰੀਕੀ ਅਦਾਲਤ ਨੇ ਡੀ.ਏ.ਸੀ.ਏ. ਨੂੰ ਦੱਸਿਆ ਗੈਰ-ਕਾਨੂੰਨੀ

ਵਾਸ਼ਿੰਗਟਨ, 14 ਸਤੰਬਰ (ਪੋਸਟ ਬਿਊਰੋ): ਹਿਊਸਟਨ ਦੇ ਇੱਕ ਸੰਘੀ ਜੱਜ ਨੇ ਅਮਰੀਕਾ ਲਿਆਂਦੇ ਗਏ ਹਜ਼ਾਰਾਂ ਗੈਰ-ਦਸਤਾਵੇਜ਼ ਰਹਿਤ ਪ੍ਰਵਾਸੀਆਂ ਦੇ ਦੇਸ਼ ਨਿਕਾਲੇ ਨੂੰ ਰੋਕਣ ਵਾਲੀ ਸੰਘੀ ਨੀਤੀ ਨੂੰ ਗੈਰ-ਕਾਨੂੰਨੀ ਕਰਾਰ ਦਿੱਤਾ ਹੈ, ਜਿਨ੍ਹਾਂ ਵਿੱਚ ਸੈਂਕੜੇ ਭਾਰਤੀ ਬੱਚੇ ਵੀ ਸ਼ਾਮਲ ਹਨ। ਪਰ ਨਾਲ ਹੀ ਕਿਹਾ ਕਿ ਸਰਕਾਰ ਆਪਣੇ ਮੌਜੂਦਾ ਬਿਨੈਕਾਰਾਂ ਲਈ ਨਵਿਆਉਣ ਦੀ ਪ੍ਰਕਿਰਿਆ ਜਾਰੀ ਰੱਖ ਸਕਦੀ ਹੈ। ਅਮਰੀਕਾ ਦੇ ਜ਼ਿਲ੍ਹਾ ਅਦਾਲਤ ਦੇ ਜੱਜ ਐਂਡਰਿਊ ਹੈਨਨ ਦਾ ਬੁੱਧਵਾਰ ਦਾ ਫ਼ੈਸਲਾ ਸਾਬਕਾ ਰਾਸ਼ਟਰਪਤੀ ਬਰਾਕ ਓਬਾਮਾ ਦੇ ਸਮੇਂ ਦੇ ‘ਡੈਫਰਡ ਐਕਸ਼ਨ ਫਾਰ ਚਾਈਲਡਹੁੱਡ ਅਰਾਈਵਲਜ਼ ਪ੍ਰੋਗਰਾਮ’ (ਡੀ.ਏ.ਸੀ.ਏ) ਲਈ ਵੱਡਾ ਝਟਕਾ ਸੀ। ਜੱਜ ਨੇ ਲਿਖਿਆ ਕਿ “ਅਦਾਲਤ ਨੇ ਪਹਿਲਾਂ ਵੀ ਅਜਿਹਾ ਹੀ ਫ਼ੈਸਲਾ ਸੁਣਾਇਆ ਸੀ, ਜਿਸ ਵਿੱਚ ਕਿਹਾ ਗਿਆ ਸੀ ਕਿ ਉਹਨਾਂ ਸਾਰੇ ਡੀ.ਏ.ਸੀ.ਏ ਪ੍ਰਾਪਤਕਰਤਾਵਾਂ ਲਈ ਖਾਲੀ ਅਸਾਮੀਆਂ ਦੀ ਪ੍ਰਭਾਵੀ ਮਿਤੀ ਨੂੰ ਰੋਕ ਦਿੱਤਾ ਗਿਆ ਹੈ, ਜਿਹਨਾਂ ਨੇ 16 ਜੁਲਾਈ, 2021 ਤੋਂ ਪਹਿਲਾਂ ਆਪਣੇ ਸ਼ੁਰੂਆਤੀ ਡੀ.ਏ.ਸੀ.ਏ ਦਰਜੇ ਨੂੰ ਪ੍ਰਾਪਤ ਕੀਤਾ ਸੀ।

# ਟੈਂਟ ਵਿੱਚ ਲੱਗੀ ਅੱਗ, ਇੱਕ ਹਲਾਕ




ਨੌਰਥ ਯੌਰਕ, 14 ਸਤੰਬਰ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ ਟੈਂਟ ਵਿੱਚ ਲੱਗੀ ਅੱਗ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।

ਇਹ ਅੱਗ ਵਿਲਸਨ ਐਵਨਿਊ ਤੇ ਐਲਨ ਰੋਡ ਨੇੜੇ ਕਲੈਂਟਨ ਪਾਰਕ ਏਰੀਆ ਵਿੱਚ ਦੁਪਹਿਰ 3:00 ਵਜੇ ਲੱਗੀ। ਟੋਰਾਂਟੋ ਪੁਲਿਸ ਅਨੁਸਾਰ ਪੁਲ ਦੇ ਥੱਲੇ ਇੱਕ ਗੱਦੇ ਨੂੰ ਅੱਗ ਲੱਗ ਜਾਣ ਕਾਰਨ ਇਹ ਹਾਦਸਾ ਵਾਪਰਿਆ।

ਮੌਕੇ ਉੱਤੇ ਇੱਕ ਵਿਅਕਤੀ ਮ੍ਰਿਤਕ ਪਾਇਆ ਗਿਆ। ਅੱਗ ਉੱਤੇ ਕਾਬੂ ਪਾ ਲਿਆ ਗਿਆ ਹੈ।





















# ਫਾਦਰ ਟੌਬਿਨ ਸੀਨੀਅਰਜ਼ ਕਲੱਬ ਨੇ ਓਵਲ ਸਾਊਂਡ ਅਤੇ ਸੋਬਲ ਫਾਲਜ਼ ਦਾ ਟੂਰ ਲਾਇਆ







ਫਾਦਰ ਟੌਬਿਨ ਸੀਨੀਅਰਜ਼ ਕਲੱਬ ਵਲੋਂ ਬੀਤੀ 9 ਸਤੰਬਰ ਨੂੰ ਓਵਲ ਸਾਊਂਡ ਅਤੇ ਸੋਬਲ ਫਾਲਜ਼ ਦਾ ਟੂਰ ਲਾਇਆ ਗਿਆ। ਸਵੇਰੇ 7 ਵਜੇ ਟੀਜੇ ਕੰਪਨੀ ਦੀ ਡੀਲਕਸ ਕੋਚ ਸਕੂਲ ਪਾਰਕਿੰਗ ਵਿਚ ਪਹੁੰਚ ਗਈ, ਜਿਸ ਦਾ ਪ੍ਰਬੰਧ ਸ: ਪਰਮਜੀਤ ਸਿੰਘ ਕਾਲੇਕਾਂ ਵਲੋਂ ਕੀਤਾ ਗਿਆ ਸੀ। ਇੱਥੋਂ ਬਸ 56 ਮੈਂਬਰਾਂ ਸਮੇਤ ਸ: ਕਰਤਾਰ ਸਿੰਘ ਚਾਹਲ (ਪ੍ਰਧਾਨ) ਅਤੇ ਸ: ਬੰਤ ਸਿੰਘ ਰਾਓ (ਜਨ. ਸਕੱਤਰ) ਦੀ ਅਗਵਾਈ ਵਿਚ ਬੱਸ ਅਰਦਾਸ ਕਰਨ ਮਗਰੋਂ ਰਵਾਨਾ ਹੋਈ। ਅਰਦਾਸ ਕਰਨ ਦੀ ਬੇਨਤੀ ਸ. ਨਿਰਮਲ ਸਿੰਘ ਢਡਵਾਲ
ਮੀਤ ਪ੍ਰਧਾਨ ਅਤੇ ਹਰੀ ਸਿੰਘ ਗਿੱਲ ਵਲੋਂ ਕੀਤੀ ਗਈ ਜਿਸ ਤੋਂ ਬਾਅਦ ਸੇਵਾਮੁਕਤ ਪ੍ਰਿੰਸੀਪਲ ਰਾਮ ਸਿੰਘ ਕੁਲਾਰ ਵਲੋਂ ਰਵਾਨਗੀ ਦੀ ਅਰਦਾਸ ਕੀਤੀ ਗਈ। ਸ: ਗੁਰਮੇਲ ਸਿੰਘ ਗਿੱਲ ਅਤੇ ਟਹਿਲ ਸਿੰਘ ਮੁੰਡੀ ਵਲੋਂ ਬਸ ਵਿਚ ਰਿਫਰੈਸ਼ਮੈਂਟ ਦਾ ਪ੍ਰਬੰਧ ਕੀਤਾ ਗਿਆ ਸੀ। ਮੈਂਬਰਾਂ ਨੇ ਰਸਤੇ ਵਿਚ ਇੰਗਲਿਸ਼ ਫਾਲ ਦਾ ਵੀ ਨਜ਼ਾਰਾ ਲਿਆ। 10 ਵਜੇ ਬਸ ਓਵਲ ਸਾਊਂਡ ਪਹੁੰਚ ਗਈ। ਇੱਥੇ ਸਾਰਿਆਂ ਨੇ ਰੂਟ ਮਿਊਜ਼ੀਅਮ ਵਿਚ ਗਾਈਡ ਦੀ ਮੱਦਦ ਨਾਲ ਪੁਰਾਣੇ ਰਿਕਾਰਡ ਅਤੇ ਹੋਰ ਪੁਰਾਤਨ ਚੀਜ਼ਾਂ ਬਾਰੇ ਜਾਣਕਾਰੀ ਲਈ। ਉਸ ਤੋਂ ਬਾਅਦ ਹੈਰੀ ਮੋਰਸਟਨ ਵਿਚ ਕੈਨੇਡਾ ਦੇ ਨੇਟਿਵ ਲੋਕਾਂ ਦੇ ਘਰ ਦੇਖੇ ਅਤੇ ਰਹਿਣ-ਸਹਿਣ ਬਾਰੇ ਜਾਣਿਆ। ਨੇੜੇ ਹੀ ਮੈਰੀਨ ਅਤੇ ਰੇਲ ਮਿਊਜ਼ੀਅਮ ਵੀ ਦੇਖਿਆ। ਸਭ ਨੇ ਵਾਇਰਟਨ ਵਿਲੀ ਸਟੈਚੂ ਕੋਲ ਪਹੁੰਚ ਕੇ ਕੁਦਰਤੀ ਨਜ਼ਾਰਿਆਂ ਦਾ ਆਨੰਦ ਮਾਣਦੇ ਹੋਏ ਲੰਚ ਕੀਤਾ। ਲੰਚ ਕਰਨ ਤੋਂ ਬਾਅਦ ਸੋਬਲ ਫਾਲਜ਼ ਗਏ ਅਤੇ ਫਿਰ ਕਿਨ ਕਾਰਡਨ ਵਿਖੇ ਪਹੁੰਚ ਕੇ ਕੌਫੀ ਦਾ ਲੁਤਫ ਲਿਆ। ਇੱਥੇ ਝੀਲ ਕਿਨਾਰੇ ਬਣੇ ਲਾਈਟ ਹਾਊਸ ਨੂੰ ਦੇਖ ਕੇ 8:15 ਵਜੇ ਵਾਪਸ ਘਰ ਪਹੁੰਚ ਗਏ।

## ਮੁੰਬਈ ਏਅਰਪੋਰਟ 'ਤੇ ਚਾਰਟਰਡ ਜਹਾਜ਼ ਹੋਇਆ ਕਰੈਸ਼, 2 ਹਿੱਸਿਆਂ ਵਿਚ ਟੁੱਟਿਆ, 8 ਜ਼ਖਮੀ

ਮੁੰਬਈ, 14 ਸਤੰਬਰ (ਪੋਸਟ ਬਿਊਰੋ): ਵੀਰਵਾਰ ਇੱਕ ਚਾਰਟਰਡ ਜਹਾਜ਼ ਸ਼ਾਮ 5:08 ਵਜੇ ਮੁੰਬਈ ਹਵਾਈ ਅੱਡੇ 'ਤੇ ਲੈਂਡਿੰਗ ਦੌਰਾਨ ਰਨਵੇਅ ਤੋਂ ਫਿਸਲ ਗਿਆ ਅਤੇ ਕਰੈਸ਼ ਹੋ ਗਿਆ। ਹਾਦਸੇ ਨਾਲ ਜਹਾਜ਼ ਦੇ ਦੋ ਹਿੱਸੇ ਹੋ ਗਏ ਅਤੇ ਅੱਗ ਲੱਗ ਗਈ। ਜਹਾਜ਼ ਵਿਚ 6 ਯਾਤਰੀ ਅਤੇ 2 ਚਾਲਕ ਦਲ ਦੇ ਮੈਂਬਰ ਸਵਾਰ ਸਨ। ਇਹ ਸਾਰੇ ਜ਼ਖਮੀ ਹੋ ਗਏ ਹਨ। ਉਨ੍ਹਾਂ ਨੂੰ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ। ਜਹਾਜ਼ ਨੇ ਵਿਸ਼ਾਖਾਪਟਨਮ ਤੋਂ ਉਡਾਨ ਭਰੀ ਸੀ।



ਜਹਾਜ਼ ਵਿਚ ਜੇ.ਐੱਮ. ਬੈਕਸੀ ਕੰਪਨੀ ਦੇ ਮਾਲਕ ਕੋਟਕ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਸਵਾਰ ਸਨ। ਕੰਪਨੀ ਲੌਜਿਸਟਿਕਸ ਦੇ ਖੇਤਰ ਵਿਚ ਕੰਮ ਕਰਦੀ ਹੈ। ਸ਼ਹਿਰੀ ਹਵਾਬਾਜ਼ੀ ਦੇ ਡਾਇਰੈਕਟਰ ਜਨਰਲ (ਡੀ.ਜੀ.ਸੀ.ਏ.) ਨੇ ਕਿਹਾ ਕਿ ਇਹ ਜਹਾਜ਼ ਵੈਂਚਰਜ਼ ਦਾ ਲੀਅਰਜੇਟ 45 ਵੀ.ਟੀ.- ਡੀ.ਬੀ.ਐੱਲ. ਹੈ। ਇਹ ਮੁੰਬਈ ਦੇ ਰਨਵੇਅ 27 'ਤੇ ਫਿਸਲ ਗਿਆ। ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਅੱਗ 'ਤੇ ਕਾਬੂ ਪਾਇਆ। ਮੁੰਬਈ ਵਿਚ ਭਾਰੀ ਮੀਂਹ ਪੈ ਰਹੀ ਹੈ, ਜਿਸ ਕਾਰਨ ਵਿਜ਼ੀਬਿਲਟੀ 700 ਮੀਟਰ ਤੱਕ ਘੱਟ ਗਈ ਹੈ। ਜਿਸ ਕਾਰਨ ਇਹ ਘਟਨਾ ਵਾਪਰੀ ਹੈ। ਹਾਦਸੇ ਤੋਂ ਬਾਅਦ ਮੁੰਬਈ ਹਵਾਈ ਅੱਡੇ ਦੇ ਦੋ ਰਨਵੇਅ ਬੰਦ ਕਰ ਦਿੱਤੇ ਗਏ ਸਨ, ਜਿਨ੍ਹਾਂ ਨੂੰ ਸ਼ਾਮ 6:45 ਵਜੇ ਮੁੜ ਖੋਲ੍ਹ ਦਿੱਤਾ ਗਿਆ।

## ਹੁਣ ਕਾਰਗੋ ਜਹਾਜ਼ ਨਾਲ ਪੈਰਸ਼ੂਟ ਨਾਲ 20 ਟਨ ਵਜ਼ਨ ਵਾਲਾ ਸਾਮਾਨ ਸੁੱਟਿਆ ਜਾ ਸਕੇਗਾ, ਟੈਸਟ ਹੋਇਆ ਸਫਲ

ਨਵੀਂ ਦਿੱਲੀ, 14 ਸਤੰਬਰ (ਪੋਸਟ ਬਿਊਰੋ): ਭਾਰਤੀ ਹਵਾਈ ਸੈਨਾ (ਆਈ.ਏ.ਐੱਫ.) ਨੇ ਹਾਲ ਹੀ ਵਿੱਚ ਇੱਕ ਕਾਰਗੋ ਜਹਾਜ਼ ਤੋਂ ਹੈਵੀ ਡ੍ਰੌਪ ਸਿਸਟਮ ਦਾ ਸਫਲ ਪ੍ਰੀਖਣ ਕੀਤਾ ਹੈ। ਇਹ ਪ੍ਰਣਾਲੀ ਦੇਸ਼ ਵਿੱਚ ਹੀ ਪੂਰੀ ਤਰ੍ਹਾਂ ਵਿਕਸਤ ਹੋ ਚੁੱਕੀ ਹੈ। ਇਸ ਦਾ ਨਾਮ ਟਾਈਪ ਵੀ ਹੈਵੀ ਡਰਾਪ ਸਿਸਟਮ ਹੈ। ਇਸ ਨਾਲ ਹਵਾਈ ਸੈਨਾ 20 ਟਨ ਤੱਕ ਵਜ਼ਨ ਵਾਲੇ ਵਾਹਨਾਂ ਅਤੇ ਉਪਕਰਨਾਂ ਨੂੰ ਪੈਰਾ ਡਰਾਪ ਕਰ ਸਕੇਗੀ।



ਹਵਾਈ ਸੈਨਾ ਦੇ ਅਧਿਕਾਰੀਆਂ ਨੇ ਦੱਸਿਆ ਕਿ ਇਸ ਪ੍ਰਣਾਲੀ ਨੂੰ ਆਗਰਾ ਦੇ ਏਰੀਅਲ ਡਿਲਿਵਰੀ ਰਿਸਰਚ ਐਂਡ ਡਿਵੈਲਪਮੈਂਟ ਅੈਸਟੈਬਲਿਸ਼ਮੈਂਟ (ਏ.ਡੀ.ਆਰ.ਡੀ.ਈ.) ਨੇ ਡਿਜ਼ਾਇਨ ਅਤੇ ਵਿਕਸਿਤ ਕੀਤਾ ਹੈ। ਹਵਾਈ ਸੈਨਾ ਪਹਿਲਾਂ ਵੀ ਅਜਿਹੇ ਪ੍ਰਣਾਲੀਆਂ ਦੀ ਵਰਤੋਂ ਕਰਦੀ ਰਹੀ ਹੈ, ਪਰ ਇਹ ਸਵਦੇਸ਼ੀ ਨਹੀਂ ਹਨ।

ਏ.ਡੀ.ਆਰ.ਡੀ.ਈ. ਨੇ ਹਵਾਈ ਸੈਨਾ ਲਈ ਵਿਸ਼ੇਸ਼ ਤੌਰ 'ਤੇ ਇਸ ਪ੍ਰਣਾਲੀ ਨੂੰ ਵਿਕਸਤ ਕੀਤਾ ਹੈ। ਇਸ ਦੀ ਮੱਦਦ ਨਾਲ ਹੁਣ ਪਹਾੜੀ ਇਲਾਕਿਆਂ ਵਿਚ ਤਾਇਨਾਤ ਸੈਨਿਕਾਂ ਤੱਕ ਹਥਿਆਰ, ਭੋਜਨ, ਜੀਪਾਂ ਅਤੇ ਟਰੱਕ ਆਸਾਨੀ ਨਾਲ ਪਹੁੰਚਾਏ ਜਾ ਸਕਦੇ ਹਨ।

ਹੈਵੀ ਡ੍ਰੌਪ ਸਿਸਟਮ ਦਾ ਪਲੇਟਫਾਰਮ ਐਲੂਮੀਨੀਅਮ ਅਤੇ ਸਟੀਲ ਦਾ ਬਣਿਆ ਹੈ। ਇਸ ਦਾ ਭਾਰ ਲਗਭਗ 1,110 ਕਿਲੋਗ੍ਰਾਮ ਹੈ। ਇਹ ਸਿਸਟਮ 260-400 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ 7 ਹਜ਼ਾਰ ਕਿਲੋਗ੍ਰਾਮ ਲੌਜਿਸਟਿਕਸ ਲੈ ਕੇ ਕੰਮ ਕਰਦਾ ਹੈ।










# ਪੰਜਾਬੀ ਸੱਭਿਆਚਾਰ ਮੰਚ ਵਲੋਂ ਪ੍ਰਿੰਸੀਪਲ ਗਿਆਨ ਸਿੰਘ ਘਈ ਸਨਮਾਨਿਤ



(ਬਰੈਂਪਟਨ/ਬਾਸੀ ਹਰਚੰਦ) ਪੰਜਾਬੀ ਸੱਭਿਆਚਾਰ ਮੰਚ ਨੇ ਪੰਜਾਬੀ ਦੇ ਪ੍ਰਸਿੱਧ ਕਵੀ ਪ੍ਰਿੰਸੀਪਲ ਗਿਆਨ ਸਿੰਘ ਘਈ ਨੂੰ ਉਸ ਦੀਆਂ ਮਾਂ ਬੋਲੀ ਪੰਜਾਬੀ ,ਵਿਦਿਆ ਅਤੇ ਸਮਾਜ ਨੂੰ ਸੇਵਾਵਾਂ ਦੇਣ ਦੇ ਲਈ ਉਘੇ ਇਨਕਲਾਬੀ ਕਵੀ "ਸੰਤ ਰਾਮ ਉਦਾਸੀ" ਅਵਾਰਡ ਨਾਲ ਸਨਮਾਨਿਤ ਕੀਤਾ ਗਿਆ। ਮੰਚ ਦੇ ਪ੍ਰਧਾਨ ਬਲਦੇਵ ਸਿੰਘ ਸਹਿਦੇਵ ਨੇ ਉਹਨਾਂ ਬਾਰੇ ਬੋਲਦਿਆਂ ਦੱਸਿਆ ਕਿ ਉਹਨਾਂ ਵਿਦਿਆ ਮਹਿਕਮੇ ਵਿੱਚ ਲੰਮਾਂ ਸਮਾਂ ਸੇਵਾ ਕੀਤੀ , ਅਧਿਆਪਕ ਤੋਂ ਪ੍ਰਿੰਸੀਪਲ ਅਤੇ ਉਪ ਜਿਲਾ ਸਿਖਿਆ ਅਫਸਰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ,ਲਗਨ, ਈਮਾਨਦਾਰੀ,ਨਿਰਪੱਖਤਾ ਨਾਲ ਸ਼ਾਨਦਾਰ ਸੇਵਾਵਾਂ ਦਿਤੀਆਂ। ਇਸ ਦੇ ਨਾਲ ਦੀ ਨਾਲ ਪੰਜਾਬੀ ਮਾਂ ਬੋਲੀ ਨੂੰ ਪ੍ਰਮੋਟ ਕਰਨ ਅਤੇ ਸਮਾਜ ਸੁਧਾਰਕ,ਧਾਰਮਿਕ, ਪ੍ਰਗਤੀਸ਼ੀਲ ਕਵਿਤਾਵਾਂ ਨਾਲ ਮਾਂ ਬੋਲੀ ਲਈ ਛੇ ਮਿਆਰੀ ਕਿਤਾਬਾਂ ਲਿਖ ਕੇ ਪੰਜਾਬੀ ਦੇ ਸਾਹਿਤ ਦੀ ਝੋਲੀ ਪਾਈਆਂ। ਇਹਨਾਂ ਸੇਵਾਵਾਂ ਬਦਲੇ ਉਸ ਦੀ ਘਾਲਣਾ ਨੂੰ ਮੁੱਖ ਰੱਖਦਿਆ ਕੈਸੀ ਕੈਂਬਲ ਕਮਿਉਨਿਟੀ ਸੈਂਟਰ ਵਿਖੇ ਯਾਦਗਾਰੀ ਪਲੈਕ ਦੇ ਸਨਮਾਨਿਤ ਕੀਤਾ ਗਿਆ। ਇਸ ਸਮੇਂ ਗਿਆਨ ਸਿੰਘ ਘਈ ਨੇ ਆਪਣੀਆਂ ਕਵਿਤਾਵਾਂ ਵੀ ਪੜੀਆਂ। ਹਰਚੰਦ ਸਿੰਘ ਬਾਸੀ ਨੇ ਉਘੇ ਇਂਕਲਾਬੀ ਸੰਤ ਰਾਮ ਉਦਾਸੀ ਦੀ ਕਵਿਤਾ ਗਾ ਕੇ ਸੁਣਾਈ। ਹੋਰਨਾਂ ਤੋਂ ਇਲਾਵਾ ਮੰਚ ਦੇ ਸਕੱਤਰ ਸੁਖਦੇਵ ਸਿੰਘ ਧਾਲੀਵਾਲ, ਅਵਤਾਰ ਸਿੰਘ ਬਾਸੀ,ਸ਼ਵਿੰਦਰ ਸਿੰਘ ਪੰਨੂੰ, ਬੈਂਕ ਆਫੀਸਰ , ਸੁਭਾਸ਼ ਚੰਦਰ ਖੁਰਮੀ, ਸਤਿਨਾਮ ਸਿੰਘ ਚੰਨੂੰ ਆਣਾ,ਸੁਖਵਿੰਦਰ ਸਿੰਘ ਕਾਹਲੋਂ ਐਡਵੋਕੇਟ ,ਰਘਵਿੰਦਰ ਸਿੰਘ ਜੌਹਲ ਰੀਟਾ:; ਐਸ ਦੀ ਓ ਆਦਿ ਸ਼ਾਮਲ ਹੋਏ। ਮੰਚ ਦੇ ਮੀਤ ਪ੍ਰਧਾਨ ਹਰਚੰਦ ਸਿੰਘ ਬਾਸੀ ਨੇ ਸਟੇਜ ਸਕੱਤਰ ਦੀ ਜੁੰਮੇਵਾਰੀ ਨਿਭਾਈ।

# ਬਿਹਾਰ ਦੇ ਬਾਗਮਤੀ ਵਿਚ ਕਿਸ਼ਤੀ ਡੁੱਬੀ, 12 ਲਾਪਤਾ, ਡੁੱਬਣ ਵਾਲਿਆਂ ਵਿਚ ਜ਼ਿਆਦਾ ਸਕੂਲੀ ਬੱਚੇ



ਮੁਜ਼ੱਫਰਪੁਰ, 14 ਸਤੰਬਰ (ਪੋਸਟ ਬਿਊਰੋ): ਬਿਹਾਰ ਦੇ ਮੁਜ਼ੱਫਰਪੁਰ ਵਿਚ ਵੀਰਵਾਰ ਨੂੰ ਬਾਗਮਤੀ ਨਦੀ ਵਿਚ ਵੱਡਾ ਹਾਦਸਾ ਵਾਪਰ ਗਿਆ। 32 ਲੋਕਾਂ ਨਾਲ ਭਰੀ ਕਿਸ਼ਤੀ ਨਦੀ ਵਿਚ ਡੁੱਬ ਗਈ। ਕਿਸ਼ਤੀ 'ਤੇ ਜ਼ਿਆਦਾਤਰ ਸਕੂਲੀ ਬੱਚੇ ਸਵਾਰ ਸਨ। ਇਹ ਹਾਦਸਾ ਗਾਇਘਾਟ ਥਾਣਾ ਖੇਤਰ ਦੇ ਬੇਨੀਬਾਦ ਓਪੀ ਵਿਚ ਸਵੇਰੇ 9 ਵਜੇ ਵਾਪਰਿਆ।

ਹੁਣ ਤੱਕ 20 ਲੋਕਾਂ ਨੂੰ ਬਾਹਰ ਕੱਢਿਆ ਗਿਆ ਹੈ। ਨਦੀ ਦੇ ਤੇਜ਼ ਵਹਾਅ ਵਿਚ 12 ਲੋਕ ਰੁੜ ਗਏ, ਜਿਨ੍ਹਾਂ ਵਿਚ ਜ਼ਿਆਦਾਤਰ ਬੱਚੇ ਸਨ। ਬਚਾਅ ਦੇ ਸੱਤ ਘੰਟੇ ਬਾਅਦ ਵੀ ਉਨ੍ਹਾਂ ਦਾ ਪਤਾ ਨਹੀਂ ਲੱਗ ਸਕਿਆ। ਹਨੇਰਾ ਹੋਣ ਕਾਰਨ ਸ਼ਾਮ 6 ਵਜੇ ਬਚਾਅ ਕਾਰਜ ਰੋਕ ਦਿੱਤਾ ਗਿਆ। ਹੁਣ ਟੀਮਾਂ ਸ਼ੁੱਕਰਵਾਰ ਸਵੇਰੇ ਦੁਬਾਰਾ ਖੋਜ ਕਰਨਗੀਆਂ।

ਨਦੀ ਵਿੱਚ ਤੇਜ਼ ਵਹਾਅ ਹੋਣ ਕਾਰਨ ਕਿਸ਼ਤੀ ਨੂੰ ਰੱਸੀ ਦੀ ਮੱਦਦ ਨਾਲ ਪਾਰ ਕੀਤਾ ਜਾ ਰਿਹਾ ਸੀ। ਫਿਰ ਅਚਾਨਕ ਰੱਸੀ ਟੁੱਟ ਗਈ। ਕਿਸ਼ਤੀ ਨਦੀ ਵਿੱਚ ਪਲਟ ਗਈ।

ਪਿੰਡ ਵਿੱਚ ਕੋਈ ਪੁਲ ਨਾ ਹੋਣ ਕਾਰਨ ਬੱਚੇ ਅਤੇ ਆਸ-ਪਾਸ ਦੇ ਲੋਕ ਇਸ ਰਸਤੇ ਆਉਂਦੇ-ਜਾਂਦੇ ਰਹਿੰਦੇ ਸਨ। ਐੱਸ.ਡੀ.ਆਰ.ਐੱਫ.-ਐੱਨ.ਡੀ.ਆਰ.ਐੱਫ. ਦੀ ਟੀਮ ਗਾਇਘਾਟ ਅਤੇ ਬੇਨੀਬਾਦ ਪੁਲਸ ਨਾਲ ਬਚਾਅ ਵਿਚ ਲੱਗੀ ਹੋਈ ਹੈ।

ਦੂਜੇ ਪਾਸੇ ਮੁਜ਼ੱਫਰਪੁਰ ਦੇ ਐੱਸ.ਕੇ.ਐੱਮ.ਸੀ.ਐੱਚ. ਵਿੱਚ ਨਵੇਂ ਬਣੇ ਪੀਕੂ ਵਾਰਡ ਦਾ ਉਦਘਾਟਨ ਕਰਨ ਆਏ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਕਿਹਾ ਕਿ ਡੀਐਮ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦੇ ਦਿੱਤੇ ਗਏ ਹਨ। ਜੋ ਵੀ ਜ਼ਖਮੀ ਹੋਏ ਹਨ, ਸਰਕਾਰ ਉਨ੍ਹਾਂ ਦੇ ਪਰਿਵਾਰਾਂ ਦੀ ਮੱਦਦ ਕਰੇਗੀ।






ਕੈਨੇਡੀਅਨ ਪੰਜਾਬੀ ਪੋਸਟ

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

# Matrimonial
ਰਿਸ਼ਤੇ ਹੀ ਰਿਸ਼ਤੇ

Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5''10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com













# ਅਮਰੀਕਾ 'ਤੇ 11 ਸਤੰਬਰ ਦੇ ਹਮਲੇ ਦੇ ਯਾਦਗਾਰੀ ਸਮਾਰੋਹ ਵਿਚ ਓਹਾਇਓ ਦੇ ਸਿੱਖ ਭਾਈਚਾਰੇ ਨੇ ਕੀਤੀ ਸ਼ਮੂਲੀਅਤ





ਓਹਾਇਓ, 14 ਸਤੰਬਰ (ਪੋਸਟ ਬਿਊਰੋ): ਅਮਰੀਕਾ ਦੇ ਸੂਬੇ ਓਹਾਇਓ ਦੇ ਸ਼ਹਿਰ ਡੇਟਨ ਦੇ ਸਿੱਖ ਭਾਈਚਾਰੇ ਨੇ ਸੈਂਕੜੇ ਹੋਰ ਸਥਾਨਕ ਅਮਰੀਕਨਾਂ ਨਾਲ 11 ਸਤੰਬਰ, 2001 ਨੂੰ ਨਿਊਯਾਰਕ ਵਿਖੇ ਵਰਲਡ ਟਰੇਡ ਸੈਂਟਰ ਟਾਵਰਾਂ ਅਤੇ ਪੈਂਟਾਗਨ 'ਤੇ ਹੋਏ ਅੱਤਵਾਦੀ ਹਮਲਿਆਂ ਦੀ 22ਵੀਂ ਵਰ੍ਹੇਗੰਢ ਮਨਾਓਂਦੇ ਹੋਏ ਪ੍ਰਸਿੱਧ ਸ਼ਹਿਰ ਡੇਟਨ ਦੇ ਨਾਲ ਲੱਗਦੇ ਬੀਵਰਕ੍ਰੀਕ ਸ਼ਹਿਰ ਦੇ 9/11 ਮੈਮੋਰੀਅਲ ਵਿਖੇ ਸ਼ਰਧਾਂਜਲੀ ਦਿੱਤੀ। ਇਹਨਾਂ ਟਾਵਰਾਂ ਦੀਆਂ ਇਮਾਰਤਾਂ ਵਿੱਚ ਅਤੇ ਆਲੇ ਦੁਆਲੇ 2600 ਤੋਂ ਵੱਧ ਲੋਕ ਮਾਰੇ ਗਏ ਸਨ ਜਦੋਂ ਅੱਤਵਾਦੀਆਂ ਨੇ ਹਵਾਈ ਜਹਾਜ਼ਾਂ ਨੂੰ ਅਗਵਾ ਕੀਤਾ ਅਤੇ ਟਾਵਰਾਂ ਨਾਲ ਟਕਰਾਅ ਦਿੱਤਾ। 186 ਲੋਕ ਪੈਂਟਾਗਨ ਵਿਖੇ ਜਹਾਜ਼ ਨਾਲ ਕੀਤੇ ਗਏ ਹਮਲੇ ਅਤੇ 40 ਪੈਨਸਿਲਵੇਨੀਆ ਵਿੱਚ ਇੱਕ ਜਹਾਜ਼ ਹਾਦਸੇ ਵਿੱਚ ਮਾਰੇ ਗਏ ਸਨ।

ਸਮਾਰੋਹ ਵਿੱਚ ਯਾਦਗਾਰ ਉੱਤੇ ਝੰਡਾ ਨੀਵਾਂ ਕੀਤਾ ਗਿਆ, ਫੌਜ ਦੇ ਜਵਾਨਾਂ ਵਲੋਂ ਫੁੱਲ ਚੜਾਏ ਗਏ, ਰਾਸ਼ਟਰੀ ਗੀਤ ਗਾਇਆ ਗਿਆ, ਇੱਕ ਰਸਮੀ ਘੰਟੀ ਵਜਾਈ ਗਈ ਅਤੇ ਚਾਰ ਜਹਾਜਾਂ ਵਲੋਂ ਫਲਾਈਓਵਰ ਕਰਕੇ ਸ਼ਰਧਾਂਜਲੀ ਦਿੱਤੀ ਗਈ। ਬੀਵਰਕ੍ਰੀਕ ਦੇ ਮੇਅਰ ਬੌਬ ਸਟੋਨ ਨੇ ਸ਼ਰਧਾਂਜਲੀ ਸੰਦੇਸ਼ ਦਿੱਤਾ।

ਸਮਾਰੋਹ ਵਿੱਚ ਸ਼ਾਮਲ ਹੋਏ ਸਿੱਖ ਭਾਈਚਾਰੇ ਦੇ ਕਾਰਕੁਨ ਸਮੀਪ ਸਿੰਘ ਗੁਮਟਾਲਾ ਨੇ ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਇਸ ਸਲਾਨਾ ਯਾਦਗਾਰੀ ਸਮਾਰੋਹ ਦਾ ਆਯੋਜਨ ਬੀਵਰਕ੍ਰੀਕ ਦੇ 9/11 ਮੈਮੋਰੀਅਲ ਵਿਖੇ ਕੀਤਾ ਜਾਂਦਾ ਹੈ ਤਾਂ ਜੋ ਉਸ ਦਿਨ ਗੁਆਚੀਆਂ ਜਾਨਾਂ ਅਤੇ ਕੁਰਬਾਨੀਆਂ ਨੂੰ ਯਾਦ ਕੀਤਾ ਜਾ ਸਕੇ। ਬੀਵਰਕ੍ਰੀਕ ਦੇ ਇਸ 9/11 ਮੈਮੋਰੀਅਲ ਵਿੱਚ ਸਟੀਲ ਦਾ ਇੱਕ 25-ਫੁੱਟ ਉੱਚਾ ਮੁੜਿਆ ਹੋਇਆ ਪਿਲਰ ਸਥਾਪਿਤ ਕੀਤਾ ਗਿਆ ਹੈ, ਜੋ ਹਮਲੇ ਤੋਂ ਪਹਿਲਾਂ ਵਰਲਡ ਟਰੇਡ ਸੈਂਟਰ ਦੇ ਉੱਤਰੀ ਟਾਵਰ ਦੀਆਂ 101ਵੀਂ ਅਤੇ 105ਵੀਂ ਮੰਜ਼ਿਲਾਂ ਦੇ ਵਿਚਕਾਰ ਲੱਗਾ ਹੋਇਆ ਸੀ। ਇਸ ਟੁਕੜੇ ਨੂੰ ਦੋ ਅੱਗ ਬੁਝਾਊ ਦਸਤਿਆਂ ਦੁਆਰਾ ਬੀਵਰਕ੍ਰੀਕ ਵਿੱਚ ਲਿਆਂਦਾ ਗਿਆ ਸੀ ਜੋ ਓਹੀਓ ਟਾਸਕ ਫੋਰਸ ਵਨ ਦਾ ਹਿੱਸਾ ਸਨ ਅਤੇ ਇਹਨਾਂ ਨੇ ਨਿਊਯਾਰਕ ਵਿੱਚ ਗਰਾਊਂਡ ਜ਼ੀਰੋ ਵਿਖੇ ਬਚਾਅ ਕਾਰਜਾਂ ਵਿੱਚ ਸਹਾਇਤਾ ਕੀਤੀ ਸੀ।

ਗੁਮਟਾਲਾ ਨੇ ਕਿਹਾ, "ਅਸੀਂ ਇਸ ਸਮਾਰੋਹ ਵਿੱਚ ਉਨ੍ਹਾਂ ਪੁਰਸ਼ਾਂ ਅਤੇ ਔਰਤਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਠੇ ਹੋਏ, ਜਿਨ੍ਹਾਂ ਨੇ ਇਹਨਾਂ ਹਮਲਿਆਂ ਵਿੱਚ ਆਪਣੀ ਜਾਣ ਗੁਆ ਦਿੱਤੀ ਅਤੇ ਜਿਸ ਵਿੱਚ ਅੱਗ ਬੁਝਾਊ ਅਮਲੇ ਦੇ ਮੈਂਬਰ, ਪੁਲਿਸ ਅਧਿਕਾਰੀ ਤੇ ਮੈਡੀਕਲ ਸੇਵਾਵਾਂ ਦੇ ਅਮਲੇ ਵੀ ਸ਼ਾਮਲ ਸਨ। ਅਸੀਂ ਫੌਜੀ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦਾ ਵੀ ਸਨਮਾਨ ਕਰਦੇ ਹਾਂ ਜਿਨ੍ਹਾਂ ਨੇ ਆਪਣੇ ਅਜ਼ੀਜ਼ਾਂ ਨੂੰ ਗੁਆ ਦਿੱਤਾ ਹੈ।"

ਹਰ ਸਾਲ ਸਿੱਖ ਭਾਈਚਾਰੇ ਵਲੋਂ ਬਲਬੀਰ ਸਿੰਘ ਸੋਢੀ ਨੂੰ ਵੀ ਯਾਦ ਕੀਤਾ ਜਾਂਦਾ ਹੈ, ਜਿਨ੍ਹਾਂ ਨੂੰ ਇਸ ਹਮਲੇ ਤੋਂ ਚਾਰ ਦਿਨ ਬਾਅਦ ਉਹਨਾਂ ਦੇ ਮੀਸਾ, ਐਰੀਜ਼ੋਨਾ ਗੈਸ ਸਟੇਸ਼ਨ ਦੇ ਬਾਹਰ ਗੋਲੀ ਮਾਰ ਕੇ ਮਾਰ ਦਿੱਤਾ ਗਿਆ। ਦੱਸਣਯੋਗ ਹੈ ਕਿ ਉਸ ਸਮੇਂ ਹਮਲਾਵਰ 11 ਸਤੰਬਰ ਦੇ ਹਮਲਿਆਂ ਦਾ ਬਦਲਾ ਲੈਣ ਲਈ "ਮੁਸਲਮਾਨਾਂ ਨੂੰ ਮਾਰਨਾ" ਚਾਹੁੰਦਾ ਸੀ। ਇਹ 9/11 ਦੇ ਹਮਲੇ ਤੋਂ ਬਾਦ ਦਾ ਪਹਿਲਾ ਘਾਤਕ ਨਫ਼ਰਤੀ ਅਪਰਾਧ ਸੀ। ਇਸ ਤੋਂ ਬਾਦ ਸਿੱਖਾਂ, ਮੁਸਲਮਾਨਾਂ, ਦੱਖਣੀ ਏਸ਼ੀਆਈ ਅਤੇ ਹੋਰਨਾਂ ਵਿਰੁੱਧ ਨਫ਼ਰਤ ਅਤੇ ਵਿਤਕਰੇ ਦੀਆਂ ਘਟਨਾਵਾਂ ਦੀ ਇੱਕ ਲਹਿਰ ਦੀ ਸ਼ੁਰੂਆਤ ਹੋਈ।

ਇਸ ਸਮਾਰੋਹ ਵਿੱਚ ਭਾਗ ਲੈਣ ਵਾਲੇ ਸਿੱਖ ਸੋਸਾਇਟੀ ਆਫ ਡੇਟਨ ਦੇ ਮੈਂਬਰਾਂ ਵਿੱਚ ਡਾ. ਚਰਨਜੀਤ ਸਿੰਘ ਗੁਮਟਾਲਾ, ਅਵਤਾਰ ਸਿੰਘ ਸਪਰਿੰਗਫੀਲਡ, ਡਾ. ਦਰਸ਼ਨ ਸਿੰਘ ਸਹਿਬੀ ਅਤੇ ਪਰਮਿੰਦਰ ਸਿੰਘ ਬਾਸੀ ਸ਼ਾਮਲ ਸਨ।

ਇੱਥੇ ਇਹ ਦੱਸਣਾ ਵਰਨਣਯੋਗ ਹੈ ਕਿ ਵਰਲਡ ਟਰੇਡ ਸੈਂਟਰ ਦੇ ਬਹੁਤ ਸਾਰੇ ਇਹਨਾਂ ਪਿਲਰਾਂ ਨੂੰ ਅਮਰੀਕਾ ਦੇ ਵੱਖ-ਵੱਖ ਸ਼ਹਿਰਾਂ ਵਿੱਚ ਬਣਾਈਆਂ ਯਾਦਗਾਰਾਂ 'ਤੇ ਸਥਾਪਿਤ ਕੀਤਾ ਗਿਆ ਹੈ ਜਿੱਥੇ ਲੋਕ ਕਿਸੇ ਵੀ ਸਮੇਂ ਸ਼ਰਧਾਂਜਲੀ ਭੇਂਟ ਕਰ ਸਕਦੇ ਹਨ।

## ਮਨੀਪੁਰ ਵਿਚ ਅਸਾਮ ਰਾਈਫਲਜ਼ ਖਿਲਾਫ਼ ਅਸਹਿਯੋਗ ਅੰਦੋਲਨ, ਮੈਤੇਈ ਔਰਤਾਂ ਨੇ ਕੇਂਦਰੀ ਸੰਸਥਾਵਾਂ ਨੂੰ ਤਾਲੇ ਲਗਾਏ

ਗੁਹਾਟੀ, 14 ਸਤੰਬਰ (ਪੋਸਟ ਬਿਊਰੋ): ਪਿਛਲੇ 4 ਮਹੀਨਿਆਂ ਤੋਂ ਹਿੰਸਾ ਨਾਲ ਜੂਝ ਰਹੇ ਮਨੀਪੁਰ ਤੋਂ ਅਸਾਮ ਰਾਈਫਲਜ਼ ਨੂੰ ਹਟਾਉਣ ਦੀ ਮੰਗ ਨੂੰ ਲੈ ਕੇ ਮੈਤੇਈ ਔਰਤਾਂ ਨੇ ਅਸਹਿਯੋਗ ਅੰਦੋਲਨ ਸ਼ੁਰੂ ਕੀਤਾ ਹੈ। ਔਰਤਾਂ ਦੇ ਇੱਕ ਸੰਗਠਨ ਨੇ ਆਪਣੀ ਪਹਿਚਾਣ ਮੈਤੇਈ ਵਜੋਂ ਦੱਸੀ ਹੈ ਅਤੇ ਪਹਾੜੀ ਜ਼ਿਲ੍ਹਿਆਂ ਦੇ ਉਲਟ ਘਾਟੀ ਦੇ ਜ਼ਿਲ੍ਹਿਆਂ ਵਿੱਚ ਕੇਂਦਰੀ ਬਲਾਂ, ਖਾਸ ਤੌਰ 'ਤੇ ਅਸਾਮ ਰਾਈਫਲਜ਼ ਨੂੰ ਵਾਪਿਸ ਬੁਲਾਉਣ ਦੀ ਮੰਗ ਕਰਦੇ ਹੋਏ ਘਾਟੀ ਵਿੱਚ ਕੇਂਦਰ ਸਰਕਾਰ ਦੇ ਅਦਾਰਿਆਂ ਨੂੰ ਤਾਲੇ ਲਗਾਉਣੇ ਸ਼ੁਰੂ ਕਰ ਦਿੱਤੇ ਹਨ।

ਕੁਝ ਔਰਤਾਂ ਨੇ ਇੰਫਾਲ ਪੂਰਬ ਦੇ ਅਕਮਪਤ ਵਿਖੇ ਨੈਸ਼ਨਲ ਇੰਸਟੀਚਿਊਟ ਆਫ਼ ਇਲੈਕਟ੍ਰਾਨਿਕਸ ਐਂਡ ਇਨਫਰਮੇਸ਼ਨ ਟੈਕਨਾਲੋਜੀ ਨੂੰ ਬੰਦ ਕਰ ਦਿੱਤਾ। ਇਸ ਤੋਂ ਪਹਿਲਾਂ, ਇੰਫਾਲ ਪੱਛਮੀ ਜ਼ਿਲ੍ਹੇ ਦੇ ਇਰੋਇਸੰਬਾ ਸਥਿਤ ਕੇਂਦਰੀ ਖੇਤੀਬਾੜੀ ਯੂਨੀਵਰਸਿਟੀ (ਸੀਏਯੂ) ਦੇ ਕੈਂਪਸ ਨੂੰ ਤਾਲਾ ਲਗਾ ਦਿੱਤਾ ਗਿਆ ਸੀ। ਦੂਜੇ ਪਾਸੇ, ਮਨੀਪੁਰ ਅਖੰਡਤਾ ਦੀ ਤਾਲਮੇਲ ਕਮੇਟੀ (ਕੋਕੋਮੀ), ਜੋ ਆਪਣੇ ਆਪ ਨੂੰ ਮੈਤੇਈ ਭਾਈਚਾਰੇ ਦਾ ਅਸਲ ਨੇਤਾ ਦੱਸਦੀ ਹੈ, ਨੇ ਕਿਹਾ ਕਿ ਉਹ ਅਜਿਹੇ ਕਿਸੇ ਅੰਦੋਲਨ ਦਾ ਸਮਰਥਨ ਨਹੀਂ ਕਰਦੀ ਹੈ। ਕੋਕੋਮੀ ਨੇਤਾ ਕਿਰਨ ਕੁਮਾਰ ਨੇ ਕਿਹਾ ਕਿ ਅਸਾਮ ਰਾਈਫਲਜ਼ ਨੂੰ ਹਟਾਉਣ ਦੀ ਸਾਡੀ ਮੰਗ ਹਾਲੇ ਵੀ ਬਰਕਰਾਰ ਹੈ। ਦਰਅਸਲ ਸ਼ੁੱਕਰਵਾਰ ਨੂੰ ਪੱਲੇਲ ਇਲਾਕੇ ਵਿਚ ਦੋ ਮੈਤੇਈ ਲੋਕਾਂ ਦੇ ਕਤਲ ਕਾਰਨ ਲੋਕਾਂ ਵਿਚ ਗੁੱਸਾ ਹੈ।

## ਜ਼ੇਲੇਂਸਕੀ ਦੇ ਸਲਾਹਕਾਰ ਨੇ ਕਿਹਾ: ਭਾਰਤੀ-ਚੀਨੀ ਕਮਜ਼ੋਰ ਬੁੱਧੀ ਵਾਲੇ, ਉਹ ਯੁੱਧ 'ਤੇ ਆਪਣਾ ਸਟੈਂਡ ਨਹੀਂ ਤੈਅ ਕਰ ਸਕੇ



ਕੀਵ, 14 ਸਤੰਬਰ (ਪੋਸਟ ਬਿਊਰੋ): ਯੂਕਰੇਨ ਦੇ ਰਾਸ਼ਟਰਪਤੀ ਜ਼ੇਲੇਨਸਕੀ ਦੇ ਸਲਾਹਕਾਰ ਮਿਖਾਇਲ ਪੋਡਲੀਕ ਨੇ ਬੁੱਧਵਾਰ ਨੂੰ ਭਾਰਤ ਅਤੇ ਚੀਨ ਦੇ ਲੋਕਾਂ ਦੀ ਬੌਧਿਕ ਸਮਰੱਥਾ 'ਤੇ ਸਵਾਲ ਖੜ੍ਹੇ ਕੀਤੇ। ਪੋਡਲਾਈਕ ਦਾ ਬਿਆਨ ਰੂਸੀ ਮੀਡੀਆ ਸਪੁਟਨਿਕ ਦੁਆਰਾ ਇੱਕ ਲੇਖ ਵਿੱਚ ਪ੍ਰਕਾਸ਼ਤਿ ਕੀਤਾ ਗਿਆ ਸੀ। ਇਸ ਅਨੁਸਾਰ ਜ਼ੇਲੇਂਸਕੀ ਦੇ ਸਲਾਹਕਾਰ ਨੇ ਕਿਹਾ ਕਿ ਭਾਰਤ ਅਤੇ ਚੀਨ ਦੇ ਲੋਕਾਂ ਦੀ ਬੌਧਿਕ ਸਮਰੱਥਾ ਘੱਟ ਹੈ ਅਤੇ ਉਹ ਇਹ ਸਮਝਣ ਦੇ ਯੋਗ ਨਹੀਂ ਹਨ ਕਿ ਉਨ੍ਹਾਂ ਦੇ ਐਕਸ਼ਨ ਦੇ ਨਤੀਜੇ ਕੀ ਹੋਣਗੇ।

ਪੋਡਲਾਈਕ ਨੇ ਅੱਗੇ ਕਿਹਾ ਕਿ ਇਹ ਦੇਸ਼ ਵਿਗਿਆਨ ਵਿੱਚ ਨਿਵੇਸ਼ ਕਰਦੇ ਹਨ। ਭਾਰਤ ਚੰਦਰਯਾਨ-3 ਮਿਸ਼ਨ ਨਾਲ ਚੰਦਰਮਾ 'ਤੇ ਪਹੁੰਚਿਆ, ਜੋ ਹੁਣ ਚੰਦਰਮਾ ਦੀ ਸਤ੍ਹਾ 'ਤੇ ਟ੍ਰੈਕਿੰਗ ਕਰ ਰਿਹਾ ਹੈ। ਪਰ ਇਸਦਾ ਮਤਲਬ ਇਹ ਨਹੀਂ ਹੈ ਕਿ ਇਹ ਦੇਸ਼ ਇਹ ਸਮਝਣ ਦੇ ਯੋਗ ਹਨ ਕਿ ਆਧੁਨਿਕ ਸੰਸਾਰ ਕੀ ਹੈ। ਭਾਰਤ ਅਤੇ ਚੀਨ ਇਹ ਤੈਅ ਨਹੀਂ ਕਰ ਸਕੇ ਹਨ ਕਿ ਯੂਕਰੇਨ 'ਤੇ ਰੂਸ ਦੇ ਹਮਲੇ ਨੂੰ ਲੈ ਕੇ ਉਨ੍ਹਾਂ ਦਾ ਸਟੈਂਡ ਕੀ ਹੈ।

ਚੀਨ ਦੇ ਵਿਦੇਸ਼ ਮੰਤਰਾਲੇ ਨੇ ਪੋਡਲਾਈਕ ਦੇ ਬਿਆਨ 'ਤੇ ਸਵਾਲ ਖੜ੍ਹੇ ਕੀਤੇ ਹਨ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਕਿਹਾ ਕਿ ਯੂਕਰੇਨ ਦੇ ਅਧਿਕਾਰੀ ਨੂੰ ਇਹ ਸਪੱਸ਼ਟ ਕਰਨਾ ਹੋਵੇਗਾ ਕਿ ਇਸ ਬਿਆਨ ਤੋਂ ਉਸ ਦਾ ਕੀ ਮਤਲਬ ਹੈ। ਉਨ੍ਹਾਂ ਨੂੰ ਜੰਗ ਨੂੰ ਲੈ ਕੇ ਚੀਨ ਦੇ ਰੁਖ਼ ਨੂੰ ਚੰਗੀ ਤਰ੍ਹਾਂ ਸਮਝਣ ਦੀ ਲੋੜ ਹੈ। ਬਿਆਨ 'ਤੇ ਹੋਏ ਵਿਵਾਦ ਤੋਂ ਬਾਅਦ ਪੋਡਲਾਈਕ ਨੇ ਵੀ ਇਸ 'ਤੇ ਸਪੱਸ਼ਟੀਕਰਨ ਦਿੱਤਾ ਹੈ।

ਜ਼ੇਲੇਂਸਕੀ ਦੇ ਸਲਾਹਕਾਰ ਨੂੰ ਲੈ ਕੇ ਹੋਏ ਵਿਵਾਦ ਤੋਂ ਬਾਅਦ ਉਨ੍ਹਾਂ ਨੇ ਇਸ 'ਤੇ ਵੀ ਸਫਾਈ ਦਿੱਤੀ। ਉਨ੍ਹਾਂ ਕਿਹਾ ਕਿ ਭਾਰਤ, ਚੀਨ ਅਤੇ ਤੁਰਕੀ ਦੁਨੀਆਂ ਦੇ ਵਿਕਾਸ ਵਿੱਚ ਵੱਡੀ ਭੂਮਿਕਾ ਨਿਭਾਅ ਰਹੇ ਹਨ। ਇਹ ਦੇਸ਼ ਇਤਿਹਾਸਿਕ, ਆਰਥਿਕ, ਵਿਗਿਆਨਕ, ਰਾਜਨੀਤਕ ਅਤੇ ਸੱਭਿਆਚਾਰਕ ਤੌਰ 'ਤੇ ਮਹੱਤਵਪੂਰਨ ਹਨ। ਇਨ੍ਹਾਂ ਖੇਤਰਾਂ ਵਿੱਚ ਭਾਰਤ ਅਤੇ ਚੀਨ ਦੀ ਭੂਮਿਕਾ ਰੂਸ ਦੇ ਮੁੱਦੇ ਤੋਂ ਵੱਧ ਮਹੱਤਵਪੂਰਨ ਹੈ।


URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE (2021, 2018, 2015, 2014, 2013, 2012, 2011, 2010) (2020-2018) (2018-2009) (REMAX International) (2014) Hall of Fame (2010)
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੋ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੁਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC. REALTOR MLS
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd / Mcvean Dr / Gore Rd / Countryside Dr / Squire Ellis Dr / DENTISTRY



Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

**Call: 416.524.6704**
**www.hkmovers.ca**

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

621 Wanless drive, # 122
Brampton ON L7A 0A9
905-495-3336

80 Pertosa Drive
Brampton ON L5X-5E9
905-460-0009

2120 North park Drive
Brampton ON L6S 0C9
905-793-1338

21 Lacoste Blvd,
Brampton, ON L6P 2K2
905 794-8109

1075 Ceremonial Drive
Mississauga ON L5R 2Z4
905-502-1600

10510 Torbram Road,
Brampton
905-790-0030

10 Pannahill Dr,
Brampton
905 913-8017